ਆਸਾ ॥ ਜੋਗੀ ਜਤੀ ਤਪੀ ਸੰਨਿਆਸੀ ਬਹੁ ਤੀਰਥ ਭ੍ਰਮਨਾ ॥ ਲੁੰਜਿਤ ਮੁੰਜਿਤ ਮੋਨਿ ਜਟਾਧਰ ਅੰਤਿ ਤਊ ਮਰਨਾ ॥੧॥ ਤਾ ਤੇ ਸੇਵੀਅਲੇ ਰਾਮਨਾ ॥ ਰਸਨਾ ਰਾਮ ਨਾਮ ਹਿਤੁ ਜਾ ਕੈ ਕਹਾ ਕਰੈ ਜਮਨਾ ॥੧॥ ਰਹਾਉ ॥ ਆਗਮ ਨਿਰਗਮ ਜੋਤਿਕ ਜਾਨਹਿ ਬਹੁ ਬਹੁ ਬਿਆਕਰਨਾ ॥ ਤੰਤ ਮੰਤ੍ਰ ਸਭ ਅਉਖਧ ਜਾਨਹਿ ਅੰਤਿ ਤਊ ਮਰਨਾ ॥੨॥ ਰਾਜ ਭੋਗ ਅਰੁ ਛਤ੍ਰ ਸਿੰਘਾਸਨ ਬਹੁ ਸੁੰਦਰਿ ਰਮਨਾ ॥ ਪਾਨ ਕਪੂਰ ਸੁਬਾਸਕ ਚੰਦਨ ਅੰਤਿ ਤਊ ਮਰਨਾ ॥ ੩॥ ਬੇਦ ਪੁਰਾਨ ਸਿੰਮ੍ਰਿਤਿ ਸਭ ਖੋਜੇ ਕਹੂ ਨ ਊਬਰਨਾ ॥ ਕਹੁ ਕਬੀਰ ਇਉ ਰਾਮਹਿ ਜੰਪਉ ਮੇਟਿ ਜਨਮ ਮਰਨਾ ॥੪॥੫॥ {ਪੰਨਾ 476-477}

ਪਦਅਰਥ:- ਜਤੀ—ਜਿਸ ਨੇ ਕਾਮ-ਵਾਸ਼ਨਾ ਨੂੰ ਰੋਕ ਲਿਆ ਹੈ। ਤਪੀ—ਮਨ ਨੂੰ ਹਠ ਨਾਲ ਰੋਕਣ ਲਈ ਸਰੀਰ ਨੂੰ ਕਈ ਤਰ੍ਹਾਂ ਦੇ ਕਸ਼ਟ ਦੇਣ ਵਾਲੇ। ਭ੍ਰਮਨਾ—ਭੌਣ ਵਾਲੇ। ਲੁੰਜਿਤ—ਸ੍ਰੇਵੜੇ ਜੋ ਸਿਰ ਦੇ ਵਾਲ ਮੋਚਨੇ ਨਾਲ ਪੁੱਟ ਦੇਂਦੇ ਹਨ। ਮੁੰਜਿਤ—ਮੁੰਜ ਦੀ ਤੜਾਗੀ ਪਾਣ ਵਾਲੇ ਬੈਰਾਗੀ। ਜਟਾਧਾਰ—ਜਟਾਧਾਰੀ ਸਾਧੂ। ਅੰਤਿ ਤਊ—ਆਖ਼ਰ ਨੂੰ, ਤਾਂ ਭੀ, ਫਿਰ ਭੀ। ਮਰਨਾ—ਮੌਤ, ਜਨਮ ਮਰਨ ਦਾ ਗੇੜ (ਨੋਟ:- ਜੋ ਜੀਵ ਜਗਤ ਵਿਚ ਸਰੀਰ ਲੈ ਕੇ ਜੰਮਿਆ ਹੈ ਉਸ ਨੇ ਮਰਨਾ ਤਾਂ ਅਵੱਸ਼ ਹੈ। ਇੱਥੇ ਇਸ ਸਾਧਾਰਨ ਮੌਤ ਦਾ ਜ਼ਿਕਰ ਨਹੀਂ ਹੈ; ਇਸ 'ਮਰਨ' ਦਾ ਨਿਰਣਾ ਕਬੀਰ ਜੀ ਅਖ਼ੀਰਲੀ ਤੁਕ ਵਿਚ ਕਰਦੇ ਹਨ "ਜਨਮ ਮਰਨ")।1।

ਤਾ ਤੇ—ਤਾਂ ਫਿਰ, ਤਾਂ ਫਿਰ ਚੰਗੀ ਗੱਲ ਇਹ ਹੈ ਕਿ। ਸੇਵੀਅਲੇ—ਸਿਮਰਿਆ ਜਾਏ। ਹਿਤੁ ਜਾ ਕੈ—ਜਿਸ ਦੇ ਹਿਰਦੇ ਵਿਚ ਪਿਆਰ ਹੈ। ਕਹਾ ਕਰੈ—ਕੀਹ ਕਰ ਸਕਦਾ ਹੈ? ਕੁਝ ਵਿਗਾੜ ਨਹੀਂ ਸਕਦਾ। ਜਮਨਾ—ਜਮ।1। ਰਹਾਉ।

ਆਗਮ—ਸ਼ਾਸਤ੍ਰ। ਨਿਰਗਮ—ਨਿਗਮ, ਵੇਦ। ਜਾਨਹਿ—(ਜੋ ਲੋਕ) ਜਾਣਦੇ ਹਨ। ਤੰਤ—ਟੂਣੇ ਜਾਦੂ। ਅਉਖਧ—ਦਵਾਈਆਂ।2।

ਭੋਗ—ਮੌਜਾਂ। ਸਿੰਘਾਸਨ—ਤਖ਼ਤ। ਸੁੰਦਰਿ ਰਮਨਾ—ਸੋਹਣੀਆਂ ਇਸਤ੍ਰੀਆਂ। ਸੁਬਾਸਕ ਚੰਦਨ—ਸੋਹਣੀ ਸੁਗੰਧੀ ਦੇਣ ਵਾਲਾ ਚੰਦਨ।3।

ਕਹੂ—ਕਿਤੇ ਭੀ। ਊਬਰਨਾ—(ਜਨਮ ਮਰਨ ਦੇ ਗੇੜ ਤੋਂ) ਬਚਾਉ। ਇਉ—ਇਸ ਵਾਸਤੇ। ਜੰਪਉ—ਮੈਂ ਜਪਦਾ ਹਾਂ, ਮੈਂ ਸਿਮਰਦਾ ਹਾਂ। ਮੇਟਿ—ਮੇਟੈ, ਮਿਟਾਉਂਦਾ ਹੈ।4।

ਅਰਥ:- (ਕਈ ਲੋਕ) ਜੋਗੀ ਹਨ, ਜਤੀ ਹਨ, ਤਪੀ ਹਨ, ਸੰਨਿਆਸੀ ਹਨ, ਬਹੁਤ ਤੀਰਥਾਂ ਤੇ ਜਾਣ ਵਾਲੇ ਹਨ, ਸ੍ਰੇਵੜੇ ਹਨ, ਬੈਰਾਗੀ ਹਨ, ਮੋਨਧਾਰੀ ਹਨ, ਜਟਾਧਾਰੀ ਹਨ—ਇਹ ਸਾਰੇ ਸਾਧਨ ਕਰਦਿਆਂ ਭੀ ਜਨਮ ਮਰਨ ਦਾ ਗੇੜ ਬਣਿਆ ਰਹਿੰਦਾ ਹੈ।1।

ਸੋ ਸਭ ਤੋਂ ਚੰਗੀ ਗੱਲ ਇਹ ਹੈ ਕਿ ਪ੍ਰਭੂ ਦਾ ਨਾਮ ਸਿਮਰਿਆ ਜਾਏ। ਜਿਸ ਮਨੁੱਖ ਦੇ ਹਿਰਦੇ ਵਿਚ ਪ੍ਰਭੂ ਦੇ ਨਾਮ ਦਾ ਪਿਆਰ ਹੈ, ਜੋ ਮਨੁੱਖ ਜੀਭ ਨਾਲ ਨਾਮ ਸਿਮਰਦਾ ਹੈ, ਜਮ ਉਸ ਦਾ ਕੁਝ ਨਹੀਂ ਵਿਗਾੜ ਸਕਦਾ (ਕਿਉਂਕਿ ਉਸ ਦਾ ਜਨਮ ਮਰਨ ਮੁੱਕ ਜਾਂਦਾ ਹੈ)।1। ਰਹਾਉ।

ਜੋ ਲੋਕ ਸ਼ਾਸਤ੍ਰ ਵੇਦ ਜੋਤਿਸ਼ ਤੇ ਕਈ ਵਿਆਕਰਣ ਜਾਣਦੇ ਹਨ, ਜੋ ਮਨੁੱਖ ਜਾਦੂ ਟੂਣੇ ਮੰਤ੍ਰ ਤੇ ਦਵਾਈਆਂ ਜਾਣਦੇ ਹਨ, ਉਹਨਾਂ ਦਾ ਭੀ ਜਨਮ ਮਰਨ ਦਾ ਚੱਕਰ ਨਹੀਂ ਮੁੱਕਦਾ।2।

ਕਈ ਐਸੇ ਹਨ ਜੋ ਰਾਜ ਦੀਆਂ ਮੌਜਾਂ ਮਾਣਦੇ ਹਨ, ਤਖ਼ਤ ਉੱਤੇ ਬੈਠੇ ਹਨ, ਜਿਨ੍ਹਾਂ ਦੇ ਸਿਰ ਉੱਤੇ ਛਤਰ ਝੁਲਦਾ ਹੈ, (ਮਹਿਲਾਂ ਵਿਚ) ਸੁੰਦਰ ਨਾਰਾਂ ਹਨ, ਜੋ ਪਾਨ ਕਪੂਰ ਸੁੰਦਰ ਸੁਗੰਧੀ ਦੇਣ ਵਾਲੇ ਚੰਦਨ ਵਰਤਦੇ ਹਨ—ਮੌਤ ਦਾ ਗੇੜ ਉਹਨਾਂ ਦੇ ਸਿਰ ਤੇ ਭੀ ਮੌਜੂਦ ਹੈ।3।

ਹੇ ਕਬੀਰ! ਆਖ—ਵੇਦ, ਪੁਰਾਨ, ਸਿਮ੍ਰਿਤੀਆਂ ਸਾਰੇ ਖੋਜ ਵੇਖੇ ਹਨ (ਪ੍ਰਭੂ ਦੇ ਨਾਮ ਦੀ ਓਟ ਤੋਂ ਬਿਨਾ ਹੋਰ ਕਿਤੇ ਭੀ ਜਨਮ ਮਰਨ ਦੇ ਗੇੜ ਤੋਂ ਬਚਾਉ ਨਹੀਂ ਮਿਲਦਾ; ਸੋ ਮੈਂ ਤਾਂ ਪਰਮਾਤਮਾ ਦਾ ਨਾਮ ਸਿਮਰਦਾ ਹਾਂ, ਪ੍ਰਭੂ ਦਾ ਨਾਮ ਹੀ ਜਨਮ ਮਰਨ ਮਿਟਾਂਦਾ ਹੈ।4।5।